Punjab Government Gazette

Published by Authority

No. 36] CHANDIGARH, FRIDAY, SEPTEMBER 5, 2025 (BHADRA 14, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ

(ਮੰਡੀ-ਸ਼ਾਖਾ)

ਅਧਿਸੂਚਨਾ

ਮਿਤੀ 7 ਮਾਰਚ, 2024

ਨੰ:1/1/2023-ਮ-5/3845.- ਪੰਜਾਬ ਐਗਰੀਕਲਚਰਲ ਪ੍ਰੋਡਿਊਸ ਮਾਰਕਿਟਸ ਐਕਟ, 1961 ਅਤੇ ਇਸ ਸਬੰਧੀ ਸਮਰੱਥਾ ਦੇਣ ਵਾਲੇ ਹੋਰਨਾਂ ਸਾਰੇ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਜੀ ਪ੍ਰਸੰਨਤਾ ਪੂਰਵਕ ਸ਼੍ਰੀ ਸਕਿੰਦਰ ਸਿੰਘ ਪੁੱਤਰ ਸ਼੍ਰੀ ਅਜੀਤ ਸਿੰਘ ਵਾਸੀ ਪਿੰਡ ਸਹੇੜੀ ਤਹਿਸੀਲ ਮੋਰਿੰਡਾ ਜਿਲ੍ਹਾ ਰੂਪਨਗਰ, ਪੰਜਾਬ ਨੂੰ 12(2) (c) (ii) ਤਹਿਤ ਆੜ੍ਹਤੀ ਕੈਟਾਗਿਰੀ ਵਿੱਚ ਮਾਰਕੀਟ ਕਮੇਟੀ ਸ੍ਰੀ ਚਮਕੌਰ ਸਾਹਿਬ ਦਾ ਮੈਂਬਰ ਅਤੇ ਐਕਟ ਦੀ ਧਾਰਾ 16 (1) ਤਹਿਤ ਚੈਅਰਮੈਨ ਨਾਮਜ਼ਦ ਕਰਦੇ ਹਨ।

2. ਉਪਰੋਕਤ ਮੈਂਬਰ ਤੋਂ ਇਲਾਵਾ ਬਾਕੀ ਰਹਿੰਦੇ ਮੈਂਬਰਾਂ ਦੀ ਨਿਯੁਕਤੀ ਨਾ ਹੋਣ ਕਾਰਨ ਨਵ ਨਿਯੁਕਤ ਚੇਅਰਮੈਨ ਕੋਲ ਕੋਰਮ ਪੂਰਾ ਨਾ ਹੋਣ ਕਾਰਨ ਮਾਰਕਿਟ ਕਮੇਟੀ ਦਾ ਕੰਮਕਾਜ ਚਲਾਉਣ ਦਾ ਕੋਈ ਅਧਿਕਾਰ ਨਹੀਂ ਰਹਿ ਜਾਂਦਾ ਹੈ। ਇਸ ਲਈ ਜਦੋਂ ਤੱਕ ਬਾਕੀ ਰਹਿੰਦੇ ਮੈਂਬਰਾਂ ਦੀ ਨਿਯੁਕਤੀ ਨਹੀਂ ਹੋ ਜਾਂਦੀ ਉਦੋਂ ਤੱਕ ਨਵ ਨਿਯੁਕਤ ਮੈਂਬਰ/ਚੇਅਰਮੈਨ ਧਾਰਾ 12(3) ਤਹਿਤ ਕੰਮਕਾਜ ਕਰਨ ਦੀ ਸ਼ਕਤੀ ਪ੍ਰਦਾਨ ਕੀਤੀ ਜਾਂਦੀ ਹੈ।

ਕੇ ਏ ਪੀ ਸਿਨਹਾ

ਵਿਸ਼ੇਸ਼ ਮੁੱਖ ਸਕੱਤਰ, ਪੰਜਾਬ ਸਰਕਾਰ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ

3491/9-2025/Pb. Govt. Press, S.A.S. Nagar